# Punjab Government Gazette

***Published by Authority***

No.34] CHANDIGARH, FRIDAY, AUGUST 22, 2025 (SRAVANA 31, 1947 SAKA)


# PART I

**Punjab Government Notifications and Orders**

**ਪੰਜਾਬ ਸਰਕਾਰ**

ਲੋਕ ਨਿਰਮਾਣ ਵਿਭਾਗ

ਇਮਾਰਤਾਂ ਤੇ ਸੜਕਾਂ-1 ਸ਼ਾਖਾ

**ਅਧਿਸੂਚਨਾ**

ਮਿਤੀ 28 ਮਾਰਚ, 2024

**ਨੰ:PWD-BR105/10/2024-1BR4/656.-** ਲੋਕ ਨਿਰਮਾਣ ਵਿਭਾਗ (ਭ ਤੇ ਮ) ਵਿਚ ਬਤੌਰ ਉਪ ਮੰਡਲ ਇੰਜੀਨੀਅਰ ਸੇਵਾ ਨਿਭਾਅ ਰਹੇ ਸ਼੍ਰੀ ਦਵਿੰਦਰ ਪਾਲ ਪੁੱਤਰ ਸ਼੍ਰੀ ਕੇਹਰ ਸਿੰਘ ਨੂੰ ਪੰਜਾਬ ਸਿਵਲ ਸੇਵਾਵਾਂ, ਜਿਲਦ-1 ਦੇ ਨਿਯਮ 3.26 (ਏ) ਅਤੇ (ਬੀ) ਵਿੱਚ ਦਰਜ ਉਪਬੰਧਾਂ ਅਧੀਨ 58 ਸਾਲ ਦੀ ਉਮਰ ਪੂਰੀ ਹੋਣ ਉਪਰੰਤ ਮਿਤੀ 31.03.2024 ਨੂੰ (ਬਾਅਦ ਦੁਪਹਿਰ) ਸਰਕਾਰੀ ਸੇਵਾ ਤੋਂ ਸੇਵਾ ਨਿਵਿਰਤ ਕੀਤਾ ਜਾਂਦਾ ਹੈ।

2. ਅਧਿਕਾਰੀ ਵਿਰੁੱਧ ਮੌਜੂਦਾ ਚੱਲ ਰਹੇ ਅਤੇ ਭਵਿੱਖ ਵਿਚ ਕੋਈ ਵਿਭਾਗੀ/ਚੌਕਸੀ ਪੜਤਾਲ ਜਾਂ ਮਿਸਲੇਨੀਅਸ ਐਡਵਾਂਸ ਰਕਮ ਆਦਿ ਦਾ ਕੇਸ ਜੇਕਰ ਲੰਬਿਤ ਹੋਵੇ ਤਾਂ ਰਿਟਾਇਰਮੈਂਟ ਦੇ ਇਨ੍ਹਾਂ ਹੁਕਮਾਂ ਦਾ ਉਸ ਤੇ ਕੋਈ ਅਸਰ ਨਹੀਂ ਹੋਵੇਗਾ ਅਤੇ ਅਧਿਕਾਰੀ ਵਿਰੁੱਧ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਦੇ ਭਾਗ-2 ਦੇ ਨਿਯਮ 2.2 ਅਧੀਨ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜੇਕਰ ਅਧਿਕਾਰੀ ਵਿਰੁੱਧ ਸਰਕਾਰ ਦਾ ਕੋਈ ਬਕਾਇਆ ਆਦਿ ਲੰਬਿਤ ਹੋਵੇ ਤਾਂ ਉਸ ਨੂੰ ਰਿਕਵਰ ਕਰਨ ਦਾ ਅਧਿਕਾਰ ਸਰਕਾਰ ਪਾਸ ਰਾਖਵਾਂ ਹੋਵੇਗਾ।

3. ਇਹ ਹੁਕਮ ਸਮਰੱਥ ਅਥਾਰਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤੇ ਜਾਂਦੇ ਹਨ।

**ਪ੍ਰਿਯਾਂਕ ਭਾਰਤੀ, ਆਈ.ਏ.ਐਸ**

ਸਕੱਤਰ, ਪੰਜਾਬ ਸਰਕਾਰ

ਲੋਕ ਨਿਰਮਾਣ ਵਿਭਾਗ (ਭ ਤੇ ਮ)

ਚੰਡੀਗੜ੍ਹ

ਮਿਤੀ 28 ਮਾਰਚ, 2024


3482/8-2025/Pb.Govt.Press, S.A.S. Nagar